# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 27-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਵੀਂ ਦਿੱਲੀ ਵਿੱਚ, ਯੂਰਪੀਅਨ ਕੌਂਸਲ ਦੇ ਪ੍ਰਧਾਨ ਐਂਟੋਨੀਓ ਕੋਸਟਾ ਅਤੇ ਯੂਰਪੀਅਨ ਕਮਿਸ਼ਨ ਦੇ ਪ੍ਰਧਾਨ ਉਰਸੁਲਾ ਫੋਨ ਡੇਰ ਲੇਅਨ ਨਾਲ ਗੱਲਬਾਤ ਕਰ ਰਹੇ ਨੇ। ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ, ਕਈ ਸਮਝੌਤਿਆਂ 'ਤੇ ਦਸਤਖ਼ਤ ਹੋਣ ਦੀ ਉਮੀਦ ਏ | ਯੂਰਪੀਅਨ ਯੂਨੀਅਨ ਦੇ ਉਪ-ਪ੍ਰਧਾਨ ਕਾਜਾ ਕੈਲਾਸ ਨੇ ਐਲਾਨ ਕੀਤਾ ਏ ਕਿ ਭਾਰਤ ਅਤੇ ਯੂਰਪੀਅਨ ਯੂਨੀਅਨ ਅੱਜ ਸੁਰੱਖਿਆ ਅਤੇ ਰੱਖਿਆ ਭਾਈਵਾਲੀ 'ਤੇ ਇੱਕ ਸਮਝੌਤਾ ਪੱਤਰ 'ਤੇ ਦਸਤਖਤ ਕਰਨਗੇ। ਯੂਰਪੀਅਨ ਕੌਂਸਲ ਦੇ ਪ੍ਰਧਾਨ ਐਂਟੋਨੀਓ ਕੋਸਟਾ ਅਤੇ ਯੂਰਪੀਅਨ ਕਮਿਸ਼ਨ ਦੇ ਪ੍ਰਧਾਨ, ਉਰਸੁਲਾ ਫੋਨ ਡੇਰ ਲੇਅਨ, ਭਾਰਤ ਦੇ ਸਰਕਾਰੀ ਦੌਰੇ 'ਤੇ ਨੇ ਅਤੇ 77ਵੇਂ ਗਣਤੰਤਰ ਦਿਵਸ ਸਮਾਰੋਹ ਵਿੱਚ ਮੁੱਖ ਮਹਿਮਾਨ ਸਨ। ਵਪਾਰ ਸਕੱਤਰ ਰਾਜੇਸ਼ ਅਗਰਵਾਲ ਨੇ ਕਿਹਾ ਏ ਕਿ

ਭਾਰਤ ਅਤੇ ਯੂਰਪੀਅਨ ਯੂਨੀਅਨ ਨੇ ਤਜਵੀਜ਼ਸ਼ੁਦਾ ਆਜ਼ਾਦ ਵਪਾਰ ਸਮਝੌਤੇ ਲਈ, ਅਧਿਕਾਰਤ ਪੱਧਰ ਦੀ ਗੱਲਬਾਤ ਪੂਰੀ ਕਰ ਲਈ ਏ।

---------------------------------------------------------------

ਐਸ.ਵਾਈ.ਐਲ. ਨਹਿਰ ਦੇ ਮੁੱਦੇ 'ਤੇ ਚਰਚਾ ਲਈ ਪੰਜਾਬ ਅਤੇ ਹਰਿਆਣਾ ਵਿਚਕਾਰ ਅੱਜ ਚੰਡੀਗੜ੍ਹ ਵਿਖੇ ਮੀਟਿੰਗ ਹੋਈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੇ ਹਰਿਆਣਾ ਦੇ ਹਮਰੁਤਬਾ ਨਾਇਬ ਸਿੰਘ ਸੈਣੀ ਨੇ ਚਿਰਾਂ ਤੋਂ ਲਟਕ ਰਹੇ ਸਤਲੁਜ-ਯਮੁਨਾ ਲਿੰਕ ਨਹਿਰ ਦੇ ਮੁੱਦੇ 'ਤੇ ਚਰਚਾ ਕਰਨ ਲਈ ਵਫ਼ਦਾਂ ਦੀ ਅਗਵਾਈ ਕੀਤੀ। ਹਰਿਆਣਾ ਦੀ ਕੈਬਨਿਟ ਮੰਤਰੀ ਸ਼ਰੂਤੀ ਚੌਧਰੀ ਤੇ ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਵੀ ਇਨ੍ਹਾਂ ਵਫਦਾਂ ਵਿਚ ਸ਼ਾਮਿਲ ਸਨ। ਮੀਟਿੰਗ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ

Byte

ਐਸ.ਵਾਈ.ਐਲ. ਨਹਿਰ ਕੱਢਣ ਦਾ ਮੰਤਵ ਦੋਵਾਂ ਰਾਜਾਂ ਵਿਚਕਾਰ ਰਾਵੀ ਅਤੇ ਬਿਆਸ ਦਰਿਆਵਾਂ ਦੇ ਪਾਣੀ ਦੀ ਪ੍ਰਭਾਵਸ਼ਾਲੀ ਵੰਡ ਕਰਨਾ ਸੀ।

ਇਸ ਪ੍ਰੋਜੈਕਟ ਤਹਿਤ 214 ਕਿਲੋਮੀਟਰ ਨਹਿਰ ਬਣਾਈ ਜਾਣੀ ਸੀ, ਜਿਸ ਵਿੱਚੋਂ 122 ਕਿਲੋਮੀਟਰ ਦਾ ਹਿੱਸਾ ਪੰਜਾਬ ਵਿੱਚ ਅਤੇ ਬਾਕੀ 92 ਕਿਲੋਮੀਟਰ ਦਾ ਹਿੱਸਾ ਹਰਿਆਣਾ ਵਿੱਚ ਬਣਾਇਆ ਜਾਣਾ ਸੀ।

-----------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਏ ਕਿ ਪਹਿਲੀ ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਇਸ ਸਾਲ ਇਕ ਫਰਵਰੀ ਤੋਂ ਪ੍ਰੋਗਰਾਮ ਅਤੇ ਸਮਾਗਮ ਸ਼ੁਰੂ ਕੀਤੇ ਜਾਣਗੇ ਜਿਹੜੇ ਕਿ 2027 ਤੱਕ ਨਿਰੰਤਰ ਜਾਰੀ ਰਹਿਣਗੇ। ਉਨ੍ਹਾਂ ਭਰੋਸਾ ਜਤਾਇਆ ਕਿ ਗੁਰੂ ਰਵਿਦਾਸ ਜੀ ਦੀ ਵਿਰਾਸਤ ਦੀ ਢੁਕਵੀਂ ਅਤੇ ਵਿਆਪਕ ਯਾਦਗਾਰ ਬਣਾਈ ਜਾਵੇਗੀ।

-----------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸ਼ਹਿਰ ਵਿੱਚ ਸੜਕਾਂ ਦੀ ਵਾਰ-ਵਾਰ ਅਤੇ ਗੈਰ-ਯੋਜਨਾਬੱਧ ਖੁਦਾਈ ਖਿਲਾਫ ਸਖ਼ਤ ਰੁਖ਼ ਅਪਣਾਉਂਦਿਆਂ ਸਾਰੇ ਸਰਕਾਰੀ ਵਿਭਾਗਾਂ, ਨਗਰ ਨਿਗਮ, ਕੌਂਸਲਾਂ ਅਤੇ ਪ੍ਰਾਈਵੇਟ ਏਜੰਸੀਆਂ ਨੂੰ ਖੁਦਾਈ ਕੰਮਾਂ ਨੂੰ ਸੁਚਾਰੂ ਬਣਾਉਣ

ਅਤੇ ਲੋਕਾਂ ਨੂੰ ਅਸੁਵਿਧਾ ਤੋਂ ਬਚਾਉਣ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ ਨੇ। ਉਹਨਾਂ ਵੱਖ-ਵੱਖ ਏਜੰਸੀਆਂ ਵਲੋਂ ਮੌਜੂਦਾ ਬੁਨਿਆਦੀ ਢਾਂਚੇ ਦੀ ਸਹੀ ਯੋਜਨਾਬੰਦੀ ਜਾਂ ਤਸਦੀਕ ਕੀਤੇ ਬਿਨਾਂ ਜ਼ਮੀਨਦੋਜ਼ ਪਾਈਪ-ਲਾਈਨਾਂ, ਕੇਬਲਾਂ ਅਤੇ ਹੋਰ ਸਹੂਲਤਾਂ ਵਿਛਾਉਣ ਲਈ ਵਾਰ-ਵਾਰ ਸੜਕਾਂ ਪੁੱਟੇ ਜਾਣ ਦਾ ਨੋਟਿਸ ਲਿਆ ਏ, ਜਿਸ ਕਾਰਨ ਨਵੀਆਂ ਬਣੀਆਂ ਸੜਕਾਂ ਨੂੰ ਨੁਕਸਾਨ, ਆਵਾਜਾਈ ਵਿੱਚ ਵਿਘਨ, ਜਨਤਕ ਸਰੋਤਾਂ ਦੀ ਬਰਬਾਦੀ ਅਤੇ ਨਿਵਾਸੀਆਂ ਨੂੰ ਅਸੁਵਿਧਾ ਹੋ ਰਹੀ ਏ। ਉਨ੍ਹਾਂ ਹਦਾਇਤ ਕੀਤੀ ਕਿ ਮੌਜੂਦਾ ਬੁਨਿਆਦੀ ਢਾਂਚੇ ਨੂੰ ਨੁਕਸਾਨ ਤੋਂ ਬਚਾਉਣ ਦੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਕਾਰਜਕਾਰੀ ਏਜੰਸੀ ਦੀ ਹੋਵੇਗੀ। ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਕੰਮ ਕਰਨ ਵਾਲਾ ਕੋਈ ਵੀ ਅਧਿਕਾਰੀ ਜਾਂ ਅਧਿਕਾਰਤ ਨੁਮਾਇੰਦੇ ਨਿੱਜੀ ਤੌਰ 'ਤੇ ਜਵਾਬਦੇਹ ਹੋਵੇਗਾ। ਸਾਰੀਆਂ ਕਮ ਵਾਲਿਆਂ ਥਾਵਾਂ 'ਤੇ ਜਾਗਰੂਕਤਾ ਬੋਰਡ ਲਗਾਉਣੇ ਜ਼ਰੂਰੀ ਨੇ ਜਿਨ੍ਹਾਂ 'ਤੇ ‘ਕੰਮ ਪ੍ਰਗਤੀ ਅਧੀਨ ਏ ', ਕਾਰਜਕਾਰੀ ਏਜੰਸੀ ਦਾ ਨਾਮ ਅਤੇ ਕੰਮ ਪੂਰਾ ਹੋਣ ਦੀ ਸੰਭਾਵਿਤ ਤਰੀਕ ਦਰਜ ਹੋਵੇ।

--------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਇੱਕ ਪਿਸਤੌਲ ਤੇ ਮੈਗਜੀਨ ਸਮੇਤ ਯੁੱਧਵੀਰ ਸਿੰਘ ਨਾਂ ਦੇ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਪੁਲਿਸ ਨੂੰ ਗੁਪਤ ਸੂਚਨਾ ਮਿਲੀ ਕਿ ਯੁੱਧ ਵੀਰ ਸਿੰਘ ਅਤੇ ਨਰੇਸ਼ ਕੁਮਾਰ ਪਾਕਿਸਤਾਨੀ ਸਮੱਗਲਰਾਂ ਦੇ ਸੰਪਰਕ ਵਿੱਚ ਹਨ ਅਤੇ ਉਥੋਂ ਡਰੋਨ ਅਤੇ ਹੋਰ ਸਾਧਨਾਂ ਰਾਹੀਂ ਹਥਿਆਰਾਂ ਦੀਆਂ ਖੇਪਾਂ ਹਾਸਲ ਕਰ ਕੇ ਪਾਕਿਸਤਾਨੀ ਸਮੱਗਲਰਾਂ ਦੇ ਨਿਰਦੇਸ਼ਾਂ ਤੇ ਅੱਗੇ ਪਹੁੰਚਾਉਂਦੇ ਹਨ। ਇਸ ਤੇ ਤੁਰੰਤ ਕਾਰਵਾਈ ਕਰਦਿਆ ਪਿੰਡ ਡੰਡੇ ਨੇੜਿਓਂ ਯੁੱਧ ਵੀਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ। ਦੋਸ਼ੀ ਤੋਂ ਹੋਰ ਪੁੱਛਗਿੱਛ ਜਾਰੀ ਏ ਅਤੇ ਨਜਾਇਜ਼ ਅਸਲੇ ਦੇ ਸਰੋਤਾਂ ਸਬੰਧੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਏ।

---------------------------------------------------------

ਪੰਜਾਬ ਵਿਚ ਸੀਤ ਲਹਿਰ ਨੇ ਇਕ ਵਾਰ ਮੁੜ ਜੋਰ ਫੜ ਲਿਆ ਏ। ਅੱਜ ਸਵੇਰੇ ਜਲੰਧਰ, ਫਤਿਹਗੜ੍ਹ ਸਾਹਿਬ ਤੇ ਮਾਨਸਾ ਸਮੇਤ ਸੂਬੇ ਦੇ ਕਈ ਜਿਲਿਆਂ ਵਿਚ ਹਲਕੀ ਬਾਰਿਸ਼ ਪਈ ਏ। ਮੌਸਮ ਵਿਭਾਗ ਨੇ ਸੰਗਰੂਰ, ਪਟਿਆਲਾ, ਡੇਰਾਬੱਸੀ, ਮੁਹਾਲੀ ਅਤੇ ਇਹਨਾਂ ਦੇ ਨਾਲ ਲੱਗਦੇ ਸ਼ਹਿਰਾਂ

ਵਿੱਚ ਗੜੇ ਪੈਣ ਦੀ ਸੰਭਾਵਨਾ ਜਤਾਈ ਏ ਜਦਕਿ ਚੰਡੀਗੜ੍ਹ ਸਮੇਤ ਲੁਧਿਆਣਾ, ਰੂਪਨਗਰ, ਫਿਰੋਜ਼ਪੁਰ, ਕਪੂਰਥਲਾ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਇਹਨਾਂ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਬਿਜਲੀ ਲਿਸ਼ਕਣ ਤੇ 40 ਤੋਂ 50 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਅੱਜ ਸਵੇਰੇ ਦਰਜ ਕੀਤੇ ਤਾਪਮਾਨ ਮੁਤਾਬਿਕ 7.7 ਡਿਗਰੀ ਸੈਲਸੀਅਸ ਨਾਲ ਲੁਧਿਆਣਾ ਸਭ ਤੋਂ ਠੰਡਾ ਰਿਹਾ ਜਦਕਿ ਬਠਿੰਡਾ ਵਿੱਚ ਤਾਪਮਾਨ 8.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਬਠਿੰਡਾ ਸਥਿਤ ਵਿਗਿਆਨੀ ਡਾ. ਜੀ. ਐੱਸ. ਰੋਮਾਣਾ ਦਾ ਕਹਿਣਾ ਏ ਕਿ ਇਹ ਮੀਂਹ ਹਾੜ੍ਹੀ ਦੀਆਂ ਸਾਰੀਆਂ ਫ਼ਸਲਾਂ ਲਈ ਲਾਹੇਵੰਦ ਸਾਬਤ ਹੋਵੇਗਾ। ਉਧਰ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਦੇ ਮੌਸਮ ਵਿਭਾਗ ਅਨੁਸਾਰ ਅੱਜ ਕਈ ਥਾਵਾਂ 'ਤੇ ਭਾਰੀ ਬਰਫ਼ਬਾਰੀ ਅਤੇ ਮੀਂਹ ਪੈਣ ਦੀ ਸੰਭਾਵਨਾ ਏ। ਸੂਬੇ ਦੇ ਉੱਚਾਈ ਵਾਲੇ ਇਲਾਕਿਆਂ, ਮੁੱਖ ਤੌਰ 'ਤੇ ਕਾਂਗੜਾ, ਕੁੱਲੂ, ਚੰਬਾ, ਕਿਨੌਰ, ਅਤੇ ਲਾਹੌਲ ਤੇ ਸਪਿਤੀ ਜ਼ਿਲ੍ਹਿਆਂ ਵਿੱਚ ਅਗਲੇ ਕੁਝ ਘੰਟਿਆਂ ਵਿੱਚ ਹਲਕੀ ਤੋਂ

ਦਰਮਿਆਨੀ ਬਾਰਿਸ਼ ਦੇ ਨਾਲ-ਨਾਲ ਭਾਰੀ ਬਰਫ਼ਬਾਰੀ ਅਤੇ ਮੀਂਹ ਪੈਣ ਦੀ ਸੰਭਾਵਨਾ ਏ।

---------------------------------------------------------------

ਜ਼ਿੰਬਾਬਵੇ ਦੇ ਬੁਲਾਵਾਯੋ ਵਿੱਚ, ਅੰਡਰ-19 ਕ੍ਰਿਕੇਟ ਵਿਸ਼ਵ ਕੱਪ ਦੇ Super Six ਪੜਾਅ ਵਿੱਚ, ਅੱਜ ਭਾਰਤ ਦਾ ਮੁਕਾਬਲਾ ਜ਼ਿੰਬਾਬਵੇ ਨਾਲ ਹੋ ਚੱਲ ਰਿਹਾ ਏ। ਜਿੰਬਾਬਵੇ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜੀ ਦਾ ਫੈਸਲਾ ਕੀਤਾ ਏ। ਜ਼ਿੰਬਾਬਵੇ ਦੀ ਟੀਮ ਨੂੰ ਗਰੁੱਪ ਪੜਾਅ ਵਿੱਚ, ਦੋ ਹਾਰਾਂ ਦਾ ਸਾਹਮਣਾ ਕਰਨਾ ਪਿਆ ਜਦੋਂ ਕਿ ਭਾਰਤੀ ਟੀਮ ਹੁਣ ਤੱਕ ਟੂਰਨਾਮੈਂਟ ਵਿੱਚ ਅਜੇਤੂ ਰਹੀ ਏ। ਭਾਰਤ ਨੇ ਗਰੁੱਪ ਪੜਾਅ ਦੌਰਾਨ, ਅਮਰੀਕਾ, ਬੰਗਲਾਦੇਸ਼ ਅਤੇ ਨਿਊਜ਼ੀਲੈਂਡ ਨੂੰ ਹਰਾਇਆ ਏ।

---------------------------------------------------------------